Punjab Government Gazette

Published by Authority

No. 31] CHANDIGARH, FRIDAY, AUGUST 1, 2025 (SRAVANA 10 , 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਲੋਕ ਨਿਰਮਾਣ ਵਿਭਾਗ

ਇਮਾਰਤਾਂ ਤੇ ਸੜਕਾਂ-1 ਸ਼ਾਖਾ

ਅਧਿਸੂਚਨਾ

ਮਿਤੀ 2 ਜੂਨ, 2025

ਨੰ: PWD-BR105/20/2025-1BR1/1114980.- ਲੋਕ ਨਿਰਮਾਣ ਵਿਭਾਗ (ਭ ਤੇ ਮ) ਵਿਚ ਸੇਵਾ ਨਿਭਾਅ ਰਹੇ ਹੇਠ ਦਰਸਾਏ ਅਧਿਕਾਰੀ ਨੂੰ ਪੰਜਾਬ ਸਿਵਲ ਸੇਵਾਵਾਂ,ਜਿਲਦ-1 ਦੇ ਨਿਯਮ 3.26 (ਏ) ਅਤੇ (ਬੀ) ਵਿੱਚ ਦਰਜ ਉਪਬੰਧਾਂ ਅਧੀਨ ਮਿਤੀ 31.05.2025 ਨੂੰ (ਬਾਅਦ ਦੁਪਹਿਰ) ਸਰਕਾਰੀ ਸੇਵਾ ਤੋਂ ਸੇਵਾ ਨਿਵਿਰਤ ਕੀਤਾ ਜਾਂਦਾ ਹੈ:-

ਅਧਿਕਾਰੀ ਦਾ ਨਾਮ ਸਰਵ ਸ਼੍ਰੀ	ਰਿਟਾਇਰਮੈਂਟ ਦੀ ਮਿਤੀ	ਵਿਸ਼ੇਸ਼ ਕਥਨ
ਵਿਪਨ ਕੁਮਾਰ ਬਾਂਸਲ, ਮੁੱਖ ਇੰਜੀਨੀਅਰ	31.05.2025	58 ਸਾਲ ਦੀ ਉਮਰ ਪੂਰੀ ਹੋਣ ਉਪਰੰਤ

2. ਅਧਿਕਾਰੀ ਵਿਰੁੱਧ ਦਰਜ ਵਿਜੀਲੈਂਸ ਇੰਨਕੁਆਰੀ ਨੰ: 02 ਮਿਤੀ 20.02.2023 ਤੇ ਰਿਟਾਇਰਮੈਂਟ ਦੇ ਇਨ੍ਹਾਂ ਹੁਕਮਾਂ ਦਾ ਕੋਈ ਅਸਰ ਨਹੀਂ ਹੋਵੇਗਾ। ਇਸ ਕੇਸ ਵਿਚ ਹੋਣ ਵਾਲੇ ਫੈਸਲੇ ਦੇ ਸਨਮੁੱਖ ਲੋੜੀਂਦੀ ਕਾਰਵਾਈ ਕਰਨ ਦਾ ਸਰਕਾਰ ਦਾ ਹੱਕ ਰਾਖਵਾਂ ਹੋਵੇਗਾ।

3. ਅਧਿਕਾਰੀ ਵਿਰੁੱਧ ਮੌਜੂਦਾ ਚੱਲ ਰਹੇ ਅਤੇ ਭਵਿੱਖ ਵਿਚ ਕੋਈ ਵਿਭਾਗੀ/ਚੌਕਸੀ ਪੜਤਾਲ ਜਾਂ ਮਿਸਲੇਨੀਅਸ ਐਡਵਾਂਸ ਰਕਮ ਆਦਿ ਦਾ ਕੇਸ ਜੇਕਰ ਲੰਬਿਤ ਹੋਵੇ ਤਾਂ ਰਿਟਾਇਰਮੈਂਟ ਦੇ ਇਨ੍ਹਾਂ ਹੁਕਮਾਂ ਦਾ ਉਸ ਤੇ ਕੋਈ ਅਸਰ ਨਹੀਂ ਹੋਵੇਗਾ ਅਤੇ ਅਧਿਕਾਰੀ ਵਿਰੁੱਧ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਦੇ ਭਾਗ-2 ਦੇ ਨਿਯਮ 2.2 ਅਧੀਨ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜੇਕਰ ਅਧਿਕਾਰੀ ਵਿਰੁੱਧ ਸਰਕਾਰ ਦਾ ਕੋਈ ਬਕਾਇਆ ਆਦਿ ਲੰਬਿਤ ਹੋਵੇ ਤਾਂ ਉਸ ਨੂੰ ਰਿਕਵਰ ਕਰਨ ਦਾ ਅਧਿਕਾਰ ਸਰਕਾਰ ਪਾਸ ਰਾਖਵਾਂ ਹੋਵੇਗਾ।

4. ਇਹ ਹੁਕਮ ਸਮਰੱਥ ਅਥਾਰਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤੇ ਜਾਂਦੇ ਹਨ।

ਰਵੀ ਭਗਤ, ਆਈ.ਏ.ਐਸ.
ਸਕੱਤਰ, ਪੰਜਾਬ ਸਰਕਾਰ
ਲੋਕ ਨਿਰਮਾਣ ਵਿਭਾਗ (ਭ ਤੇ ਮ)

ਚੰਡੀਗੜ੍ਹ
ਮਿਤੀ 31 ਮਈ, 2025

3463/7-2025/Pb. Govt. Press, S.A.S. Nagar